Dispatch No. I/22036/2020

ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਫਿਰੋਜ਼ਪੁਰ ਨਾਲ ਸੰਬੰਧਤ ਕਰੋਨਾ ਦੇ ਸ਼ੱਕੀ ਮਰੀਜ਼ ਦੀ ਮੌਤ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੋ ਚੁੱਕੀ ਸੀ-ਡਾ. ਭੱਟੀ

ਮਰੀਜ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਇੱਕ ਮਹੀਨੇ ਤੋਂ ਦਾਖਿਲ ਹੋਣ ਦੀ ਖਬਰ ਝੂਠੀ ਤੇ ਗਲਤ

ਫ਼ਰੀਦਕੋਟ , 4 ਮਈ -( ) ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਦੇ ਪ੍ਰਿੰਸੀਪਲ ਡਾ. ਦੀਪਕ ਜੋਨ ਭੱਟੀ ਨੇ ਮੀਡੀਆ ਦੇ ਇੱਕ ਹਿੱਸੇ ਵਿੱਚ ਛਪੀਆਂ ਇਨ੍ਹਾਂ ਖਬਰਾਂ ਨੂੰ ਨਿਰਆਧਾਰ ਅਤੇ ਤੱਥਾਂ ਰਹਿਤ ਦੱਸਿਆ ਹੈ ,ਜਿਸ ਵਿੱਚ ਫਿਰੋਜ਼ਪੁਰ ਨਾਲ ਸਬੰਧਤ ਮਰੀਜ਼ ਅਸ਼ੋਕ ਕੁਮਾਰ ਜਿਸ ਦੀ ਕਿ ਪਿਛਲੇ ਦਿਨਾਂ ਕਰੋਨਾ ਕਾਰਣ ਮੌਤ ਹੋ ਚੁੱਕੀ ਸੀ ਨੂੰ ਫ਼ਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿੱਚ ਪਿਛਲੇ ਇੱਕ ਮਹੀਨੇ ਤੋਂ ਦਾਖਲ ਦੱਸਿਆ ਗਿਆ ਸੀ ।

ਪ੍ਰਿੰਸੀਪਲ ਡਾ. ਭੱਟੀ ਨੇ ਦੱਸਿਆ ਕਿ ਫਿਰੋਜ਼ਪੁਰ ਸਿਵਲ ਸਰਜਨ ਵੱਲੋਂ ਫਰੀਦਕੋਟ ਰੈਫਰ ਕੀਤਾ ਗਿਆ ਮਰੀਜ਼ ਅਸ਼ੋਕ ਕੁਮਾਰ ਬੀਤੀ ਇੱਕ ਅਤੇ ਦੋ ਮਈ ਦੀ ਦਰਮਿਆਨੀ ਰਾਤ ਨੂੰ ਫੇਫੜਿਆਂ ਦੀ ਸਮੱਸਿਆ ਅਤੇ ਕਰੋਨਾ ਦੀ ਲਾਗ ਦੇ ਸ਼ੱਕ ਕਾਰਨ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਲਿਆਂਦਾ ਗਿਆ ਸੀ ।ਉਨ੍ਹਾਂ ਕਿਹਾ ਕਿ ਮਰੀਜ਼ ਦੇ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਉਸ ਦੀ ਮੌਤ ਹੋ ਚੁੱਕੀ ਸੀ ।ਮ੍ਰਿਤਕ ਕਰੋਨਾ ਦਾ ਸ਼ੱਕੀ ਮਰੀਜ਼ ਹੋਣ ਕਾਰਨ ਉਸ ਦਾ ਕੋਵਿਡ-19 ਟੈਸਟ ਲਿਆ ਗਿਆ ਅਤੇ ਉਸ ਉਪਰੰਤ ਲਾਸ਼ ਨੂੰ ਪ੍ਰੋਟੋਕਾਲ ਅਨੁਸਾਰ ਮੁਰਦਾ ਘਰ ਵਿੱਚ ਰੱਖਿਆ ਗਿਆ । ਇਸ ਸਬੰਧੀ ਜਾਣਕਾਰੀ ਸਬੰਧਤ ਸਿਵਲ ਸਰਜਨ ਫ਼ਿਰੋਜ਼ਪੁਰ ਨੂੰ ਦਿੱਤੀ ਗਈ ਅਤੇ ਮਿਤਕ ਦੇਹ ਪ੍ਰੋਟੋਕਾਲ ਅਨੁਸਾਰ ਵਾਪਸ ਭੇਜੀ ਗਈ ।ਉਨ੍ਹਾਂ ਕਿਹਾ ਕਿ ਮੀਡੀਆ ਦੇ ਇਕ ਹਿੱਸੇ ਨੇ ਇਸ ਸਬੰਧੀ ਜਾਣਕਾਰੀ ਦਿੱਤੀ ਸੀ ਕਿ ਰੋਗੀ ਨੂੰ ਜੀ.ਜੀ. ਐੱਸ ਮੈਡੀਕਲ ਕਾਲਜ ਵਿੱਚ ਇੱਕ -ਦੋ ਮਹੀਨੇ ਪਹਿਲਾਂ ਭਰਤੀ ਕਰਵਾਇਆ ਗਿਆ ਸੀ ਅਤੇ ਇੱਥੇ ਹੀ ਉਸ ਦੀ ਮੌਤ ਹੋਈ ਹੈ ਜੋ ਕਿ ਅਸਲ ਵਿਚ ਗਲਤ ਹੈ ।ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵੱਲੋਂ ਇਸ ਸਬੰਧੀ ਡਿਪਟੀ ਕਮਿਸ਼ਨਰ ਸ਼੍ਰੀ ਕੁਮਾਰ ਸੌਰਭ ਰਾਜ ਤੇ ਵੀ ਸੀ ਬਾਬਾ ਫਰੀਦ ਯੂਨੀਵਰਸਿਟੀ ਨੂੰ ਵੀ ਲਿਖਤੀ ਤੌਰ ਤੇ ਸੂਚਿਤ ਕੀਤਾ ਗਿਆ ਹੈ।

Dispatch No. I/22076/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਹੁਣ ਸਵੇਰੇ 9 ਵਜੇ ਤੋਂ ਦੁਪਿਹਰ 1 ਵਜੇ ਤੱਕ ਖੁੱਲ੍ਹਣਗੀਆਂ ਦੁਕਾਨਾਂ

ਦੁਕਾਨਾਂ ਜੋਨ ਵਾਈਸ ਹੀ ਖੋਲ੍ਹੀਆ ਜਾਣਗੀਆਂ

ਫਰੀਦਕੋਟ 4 ਮਈ () ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ, ਆਈ.ਏ.ਐਸ. ਨੇ ਜਿਲ੍ਹੇ ਵਿੱਚ 23 ਮਾਰਚ 2020 ਤੋਂ ਕਰੋਨਾ ਮਹਾਂਮਾਰੀ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕਰਫਿਊ ਦੀ ਲਗਾਤਾਰਤਾ ਵਿੱਚ ਭਾਰਤ ਸਰਕਾਰ, ਗ੍ਰਹਿ ਮੰਤਰਾਲੇ ਅਤੇ ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਪਾਸੋ ਪ੍ਰਾਪਤ ਹੋਈਆਂ ਹਦਾਇਤਾਂ ਦੇ ਆਧਾਰ ਤੇ ਜਿਲ੍ਹੇ ਵਿੱਚ ਜਾਰੀ ਹੁਕਮ ਨੰਸ: 384/ਫਸ ਮਿਤੀ 30 ਅਪ੍ਰੈਲ 2020 ਰਾਹੀਂ ਜਿਲ੍ਹਾ ਫਰੀਦਕੋਟ ਅੰਦਰ ਕੁਝ ਕੈਟਾਗਰੀਆਂ ਨੂੰ ਜੋਨ ਵਾਈਜ਼ ਸਵੇਰੇ 7 ਵਜੇ ਤੋਂ 11 ਵਜੇ ਤੱਕ ਆਮ ਲੋਕਾਂ ਨੂੰ ਜਰੂਰੀ ਵਸਤਾਂ ਮੁਹੱਈਆ ਕਰਾਉਣ ਲਈ ਦੁਕਾਨਾਂ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ ਸੀ ।

ਜਿਲ੍ਹਾ ਮੈਜਿਸਟ੍ਰੇਟ ਫਰੀਦਕੋਟ ਵੱਲੋਂ ਦੁਬਾਰਾ ਜਾਰੀ ਕੀਤੇ ਗਏ ਹੁਕਮਾਂ ਵਿੱਚ ਤਬਦੀਲੀ ਕਰਦੇ ਹੋਏ ਹੁਣ ਦੁਕਾਨਾਂ ਖੋਲਣ ਦਾ ਸਮਾਂ ਸਵੇਰੇ 9 ਵਜੇ ਤੋਂ ਬਾਅਦ ਦੁਪਹਿਰ 1 ਵਜੇ ਤੱਕ ਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਦੁਕਾਨਾਂ ਖੋਲ੍ਹਣ ਸਬੰਧੀ ਬਾਕੀ ਸ਼ਰਤਾਂ ਪਹਿਲਾਂ ਦੀ ਤਰ੍ਹਾਂ ਹੀ ਜਾਰੀ ਰਹਿਣਗੀਆਂ।

Dispatch No. I/22041/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜਿਲੇ ਦੀਆਂ ਮੰਡੀਆਂ ਵਿੱਚ ਕੱਲ ਤੱਕ 439675 ਮੀਟਰਕ ਟਨ ਕਣਕ ਦੀ ਆਮਦ ਹੋਈ

ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 439325 ਮੀਟਰਕ ਟਨ ਕਣਕ ਦੀ ਕੀਤੀ ਗਈ ਖਰੀਦ

ਹੁਣ ਤੱਕ 286192 ਮੀਟਰਕ ਟਨ ਦੀ ਲਿਫਟਿੰਗ ਹੋਈ

ਹੁਣ ਤੱਕ 55 ਹਜ਼ਾਰ ਤੋਂ ਵੱਧ ਕਿਸਾਨਾਂ ਨੂੰ ਪਾਸ ਜਾਰੀ

ਫਰੀਦਕੋਟ 4 ਮਈ ( ) ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਜਿਲ੍ਹੇ ਦੇ ਖਰੀਦ ਕੇਂਦਰਾਂ ਵਿੱਚ 15 ਅਪ੍ਰੈਲ ਤੋਂ ਚੱਲ ਰਹੇ ਖਰੀਦ ਦਾ ਕੰਮ ਪੂਰੇ ਜੋਰਾਂ ਤੇ ਹੈ ਤੇ ਹੁਣ ਤੱਕ ਜਿਲ੍ਹੇ ਦੀਆਂ ਮੰਡੀਆਂ ਵਿੱਚ ਪੁੱਜੀ ਲਗਭਗ ਸਾਰੀ ਕਣਕ ਹੀ ਖਰੀਦੀ ਜਾ ਚੁੱਕੀ ਹੈ ਅਤੇ ਇਸ ਦੇ ਨਾਲ ਹੀ ਕਿਸਾਨਾਂ ਨੂੰ ਅਦਾਇਗੀ, ਕਣਕ ਦੀ ਲਿਫਟਿੰਗ ਆਦਿ ਦਾ ਕੰਮ ਵੀ ਤੇਜੀ ਨਾਲ ਚੱਲ ਰਿਹਾ ਹੈ।

ਕੱਲ ਸ਼ਾਮ ਤੱਕ ਜਿਲ੍ਹੇ ਦੇ ਵੱਖ ਵੱਖ ਖਰੀਦ ਕੇਂਦਰਾਂ ਵਿੱਚ ਪਨਗ੍ਰੇਨ ਵੱਲੋਂ 137617 ਮੀਟਰਕ ਟਨ, ਮਾਰਕਫੈੱਡ ਵੱਲੋਂ 104418 ਮੀਟਰਕ ਟਨ, ਪਨਸਪ ਵੱਲੋਂ 97871 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 62149 ਮੀਟਰਕ ਟਨ ਅਤੇ ਐਫ ਸੀ ਆਈ ਵੱਲੋਂ 36470 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ਅਤੇ ਹੁਣ ਤੱਕ 286192 ਮੀਟਰਕ ਟਨ ਕਣਕ ਦੀ ਮੰਡੀਆਂ ਵਿੱਚ ਲਿਫਟਿੰਗ ਹੋ ਚੁੱਕੀ ਹੈ।

ਡਿਪਟੀ ਜਿਲ੍ਹਾ ਮੰਡੀ ਅਫਸਰ ਸ੍ਰੀ ਗੌਰਵ ਗਰਗ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਮੰਡੀ ਬੋਰਡ ਦੁਆਰਾ ਦਿੱਤੇ ਜਾਂਦੇ ਪਾਸ ਜੋ ਕਿ ਸਬੰਧਤ ਆੜਤੀ ਦੁਆਰਾ ਕਿਸਾਨਾਂ ਨੂੰ ਮੁਹੱਈਆ ਕਰਵਾਏ ਜਾਂਦੇ ਹਨ, ਰਾਹੀਂ ਹੀ ਫਸਲ ਮੰਡੀਆਂ ਵਿੱਚ ਲਿਆਂਦੀ ਜਾ ਰਹੀ ਹੈ ਅਤੇ ਹੁਣ ਤੱਕ 55 ਹਜ਼ਾਰ ਤੋਂ ਵੱਧ ਕਿਸਾਨਾਂ ਨੂੰ ਆਪਣੀ ਫਸਲ ਮੰਡੀਆਂ ਵਿੱਚ ਲਿਆਉਣ ਲਈ ਪਾਸ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆ ਰਹੀ ਅਤੇ ਮੰਡੀ ਵਿੱਚ ਆਉਣ ਵਾਲੇ ਦਿਨ ਹੀ ਕਿਸਾਨ ਆਪਣੀ ਫਸਲ ਵੇਚ ਕੇ ਵਹਿਲੇ ਹੋ ਜਾਂਦੇ ਹਨ।

**Dispatch No. :** I/22057/2020

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਹਜ਼ੂਰ ਸਾਹਿਬ ਤੋਂ ਫਰੀਦਕੋਟ ਪਹੁੰਚੇ 130 ਸ਼ਰਧਾਲੂਆਂ ਚੋਂ 15 ਪਾਜ਼ੇਟਿਵ,79 ਦੀ ਰਿਪੋਰਟ ਪੈਂਡਿਗ-ਸਿਵਲ ਸਰਜਨ

ਕਲੱਸਟਰ ਜਾਨ ਮਿਸਤਰੀਆਂ ਵਾਲੀ ਗਲੀ ਖੁੱਲੇਗੀ ਕੱਲ

ਫਰੀਦਕੋਟ, 04 ਮਈ 2020( ) ਸਿਹਤ ਵਿਭਾਗ ਵੱਲੋਂ ਕੋਵਿਡ-19 ਦੇ ਸਬੰਧ ਵਿੱਚ ਸ਼ੱਕੀ ਮਰੀਜ਼ਾਂ ਦੀ ਭਾਲ ਲਈ ਜ਼ਿਲੇ ਵਿੱਚ ਸਥਾਪਿਤ ਫਲੂ ਕਾਰਨਰ ਅਤੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਦਾ ਇਕਾਂਤਵਾਸ ਸੈਂਟਰਾਂ ਵਿੱਚ ਮੈਡੀਕਲ ਸਕਰੀਨਿੰਗ ਅਤੇ ਕੋਵਿਡ-19 ਦੇ ਸੈਂਪਲ ਲੈਣ ਦਾ ਕੰਮ ਲਗਾਤਾਰ ਚੱਲ ਰਿਹਾ ਹੈ ਅਤੇ ਹਰ ਪਿੰਡ-ਕਸਬੇ ਵਿੱਚ ਘਰ-ਘਰ ਸਰਵੇ ਦਾ ਕੰਮ ਵੀ ਜਾਰੀ ਹੈ। ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਹਜ਼ੂਰ ਸਹਿਬ ਨੰਦੇੜ ਤੋਂ ਹਾਲ ਹੀ ਵਿੱਚ ਫਰੀਦਕੋਟ ਜ਼ਿਲੇ ਵਿੱਚ ਪਰਤੇ 130 ਸ਼ਰਧਾਲੂਆਂ ਦੇ ਸਿਹਤ ਵਿਭਾਗ ਦੀ ਟੀਮ ਨੇ ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜੇ ਸਨ । ਇਹਨਾਂ ਸੈਂਪਲਾਂ ਵਿੱਚੋਂ ਪਹਿਲਾਂ ਆਈਆਂ ਰਿਪੋਰਟਾ ਵਿੱਚ 3 ਸ਼ਰਧਾਲੂਆਂ ਦੀ ਰਿਪੋਰਟ ਪਾਜ਼ੇਟਿਵ ਆਈ ਸੀ ਤੇ ਹੁਣ ਕੁਝ ਹੋਰ ਆਏ ਨਤੀਜਿਆਂ ਮੁਤਾਬਕ 12 ਸ਼ਰਧਾਲੂਆਂ ਦੀ ਰਿਪੋਰਟ ਵੀ ਕੋਰੋਨਾ ਪਾਜ਼ੇਟਿਵ ਆਈ ਹੈ, ਇਹਨਾਂ 15 ਸ਼ਰਧਾਲੂਆਂ ਨੂੰ ਸਥਾਨਕ ਜੀ.ਜੀ.ਐਸ ਮੈਡੀਕਲ ਕਾਲਜ ਹਸਪਤਾਲ ਵਿਖੇ ਆਈਸੋਲੇਸ਼ਨ ਵਾਰਡ ਵਿੱਚ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ। ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਹੁਣ ਤੱਕ 130 ਸ਼ਰਧਾਲੂਆਂ ਚੋਂ 51 ਦੀ ਰਿਪੋਰਟ ਪ੍ਰਾਪਤ ਹੋਈ ਹੈ ਜਦ ਕਿ 79 ਦੀ ਰਿਪੋਰਟ ਪੈਂਡਿਗ ਹੈ। ਬਾਹਰਲੇ ਸੂਬਿਆਂ ਤੋਂ ਆਏ ਕਰੀਬ 1154 ਵਿਅਕਤੀਆਂ ਅਤੇ ਜ਼ਿਲੇ ਵਿੱਚ ਆਮ ਲੋਕਾਂ ਲਈ ਸਥਾਪਿਤ ਫਲੂ ਕਾਰਨਰ ਤੇ ਕੋਰੋਨਾ ਦੇ ਅੱਜ ਤੱਕ ਕੁੱਲ 1586 ਸੈਂਪਲ ਇਕੱਤਰ ਕਰ ਲੈਬ ਵਿੱਚ ਭੇਜੇ ਜਾ ਚੁੱਕੇ ਹਨ। ਡਾ.ਰਜਿੰਦਰ ਨੇ ਦੱਸਿਆ ਕਿ ਸਰਕਾਰ ਦੇ ਉਪਰਾਲੇ ਸਦਕਾਂ ਹੁਣ ਸੈਂਪਲਿੰਗ ਦੇ ਨਤੀਜਿਆਂ ਵਿੱਚ ਤੇਜੀ ਲਿਆਉਣ ਲਈ ਪ੍ਰਾਈਵੇਟ ਲਾਲ ਪੈਥ ਲੈਬ ਨਾਲ ਗੱਠਜੋੜ ਕਰ ਲਿਆ ਗਿਆ ਹੈ। ਜ਼ਿਲੇ ਦੇ ਤੀਸਰੇ ਪਾਜ਼ੇਟਿਵ ਮਰੀਜ਼ ਦਾ ਸੈਂਪਲ ਜੋ ਅਮ੍ਰਿਤਸਰ ਲੈਬ ਵਿਚ ਟੈਸਟ ਲਈ ਭੇਜਿਆ ਗਿਆ ਸੀ ਉਸ ਦੀ ਰਿਪੋਰਟ ਜਲਦ ਵਿਭਾਗ ਨੂੰ ਪ੍ਰਾਪਤ ਹੋ ਜਾਵੇਗੀ ਤੇ ਨਾਲ ਹੀ ਕਲਸਟਰ ਜ਼ੋਨ ਮਿਸਤਰੀਆਂ ਵਾਲੀ ਗਲੀ ਖੋਲ ਦਿੱਤੀ ਜਾਵੇਗੀ। ਕਿ ਡਿਪਟੀ ਕਮਿਸ਼ਨਰ ਫਰੀਦਕੋਟ ਕੁਮਾਰ ਸੌਰਭ ਰਾਜ ਆਈ.ਏ.ਐਸ ਦੀ ਯੋਗ ਅਗਵਾਈ ਹੇਠ ਬਾਹਰਲੇ ਸੂਬੇ ਤੋਂ ਆਏ ਵਿਅਤਕਤੀਆਂ ਲਈ ਵਿਸ਼ੇਸ਼ ਇਕਾਂਤਵਾਸ ਸੈਂਟਰਾਂ ਵਿੱਚ ਰਹਿਣ ਸਹਿਣ,ਖਾਣ-ਪੀਣ, ਮੈਡੀਕਲ ਜਾਂਚ ਅਤੇ ਸੈਂਪਲ ਇਕੱਤਰ ਕਰਨ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਇਹਨਾਂ ਪ੍ਰਬੰਧਾਂ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਵੀ ਲਗਾਈ ਗਈ ਹੈ। ਉਨਾਂ ਸਮੂਹ ਸਿਹਤ ਵਿਭਾਗ ਦੇ ਫੀਲਡ ਸਟਾਫ,ਬਲਾਕ ਐਜੂਕੇਟਰਾਂ ਅਤੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਆਪਸੀ ਤਾਲਮੇਲ ਕਰਕੇ ਬਾਹਰਲੇ ਸੂਬਿਆਂ ਤੋਂ ਆਏ ਵਿਅਕਤੀਆਂ ਨੂੰ ਇਕਾਂਤਵਾਸ ਸੈਂਟਰਾਂ ਵਿੱਚ ਪਹੁੰਚਾਉਣ ਲਈ ਉਪਰਾਲੇ ਕੀਤੇ ਜਾਣ, ਕਿਸੇ ਵੀ ਕਿਸਮ ਦੀ ਜਾਣਕਾਰੀ ਲਈ ਜ਼ਿਲੇ ਦੀਆਂ ਸਿਹਤ ਸੰਸਥਾਵਾਂ ਦੇ ਸੀਨੀਅਰ ਮੈਡੀਕਲ ਅਫਸਰਾਂ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।ਕੋਵਿਡ-19 ਦੇ ਜ਼ਿਲਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਕਿਹਾ ਕਿ ਜੇ ਇਸੇ ਤਰਾਂ ਹੀ ਜ਼ਿਲਾ ਨਿਵਾਸੀ ਸਿਹਤ ਵਿਭਾਗ ਅਤੇ ਪ੍ਰਸ਼ਾਸਨ ਦੁਆਰਾ ਜਾਰੀ ਹਦਾਇਤਾ ਦਾ ਪਾਲਣ ਕਰਨ ਅਤੇ ਘਰ ਰਹੋ ਸੁਰੱਖਿਅਤ ਰਹੋ ਤਾਂ ਜੋ ਕੋਰੋਨਾ ਬਿਮਾਰੀ ਤੇ ਅਸੀਂ ਬਹੁਤ ਜਲਦ ਕਾਬੂ ਪਾਉਣ ਵਿੱਚ ਸਫਲ ਹੋ ਜਾਵੇਗਾ।

ਡਾ.ਰਜਿੰਦਰ ਕੁਮਾਰ ,ਸਿਵਲ ਸਰਜਨ,ਫਰੀਦਕੋਟ